# Mohali

ANB ਪੰਜਾਬ

1 july2026

# 15,000 ਅਕਾਲ ਅਕੈਡਮੀ ਵਿਦਆਰਥੀਆਂ ਵੱਲੋਂ 'ਅਸੀਂ ਨਸ਼ਾ ਮੁਕਤ ਹਾਂ ' ਮਨੁੱਖੀ ਅੱਖਰ ਰਚਨਾ ਕਰਕੇ ਵਿਸ਼ਵਰਿਕਾਰਡ ਬਣਾਉਣ ਦਾ ਯਤਨ



ਦੇਸ਼ ਸੇਵਕ
DESH SEWAK
ਨਿੱਗਰ ਸੋਚ, ਨਿਡਰ ਆਵਾਜ਼

27 june2026

# ਅਕਾਲ ਅਕੈਡਮੀਆਂ ਦੇ 15 ਹਜ਼ਾਰ ਵਿਦਿਆਰਥੀਆਂ ਵੱਲੋਂ 'ਅਸੀਂ ਨਸ਼ਾ ਮੁਕਤ ਹਾਂ' ਮਨੁੱਖੀ ਅੱਖਰ ਰਚਨਾ ਕਰਕੇ ਵਿਸ਼ਵ ਰਿਕਾਰਡ ਬਣਾਉਣ ਦਾ ਯਤਨ




ਰਾਜਨ ਢੇਹਰਾ

ਰੂਪਨਗਰ/26 ਜੂਨ : ਅੰਤਰਰਾਸ਼ਟਰੀ ਨਸ਼ਾ ਵਿਰੁੱਧ ਦਿਵਸ ਦੇ ਮੌਕੇ 'ਤੇ ਕਲਗੀਧਰ ਟਰੱਸਟ ਵੱਲੋਂ ਚਲਾਏਜਾ ਰਹੇ 121 ਅਕਾਲ ਅਕੈਡਮੀ ਸਕੂਲਾਂ ਦੇ 15,000 ਤੋਂ ਵੱਧ ਵਿਦਿਆਰਥੀਆਂ ਨੇਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇੱਕਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਵਿੱਚ ਭਾਗ ਲਿਆ।ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਇੱਕੋ ਸਮੇਂ ਆਪਣੇ-ਆਪਣੇ ਕੈਂਪਸਾਂ ਵਿੱਚ ਇਕੱਠੇ ਹੋ ਕੇ ਅਸੀਂ ਨਸ਼ਾ ਮੁਕਤ ਹਾਂ ਦੀ ਮਨੁੱਖੀ ਅੱਖਰ ਰਚਨਾ ਬਣਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪਦੁਹਰਾਇਆ। ਇਹ ਗਤੀਵਿਧੀ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜਹੋਣ ਦੇ ਉਦੇਸ਼ ਨਾਲ ਕਰਵਾਈ ਗਈ।ਜ਼ਿਲ੍ਹਾ ਰੋਪੜ ਦੇ ਸਕੂਲਾਂ ਵਿੱਚ ਭਾਗੀਦਾਰੀ ਇਸ ਪ੍ਰਕਾਰ ਰਹੀ

ਇਸ ਮੌਕੇ 'ਤੇ ਅਕਾਲ ਅਕੈਡਮੀ ਕਮਾਲਪੁਰ ਦੀ ਪ੍ਰਿੰਸੀਪਲ ਸ੍ਰੀਮਤੀ ਅਮਨਦੀਪ ਕੌਰ ਨੇ ਕਿਹਾ, ਇਹ ਉਪਰਾਲਾ ਸਾਡੇ ਵਿਦਿਆਰਥੀਆਂ ਦੀਨਸ਼ਾ-ਮੁਕਤ ਸਮਾਜ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਾਲ ਭਰ ਚੱਲਣ ਵਾਲੇਜਾਗਰੂਕਤਾ ਪ੍ਰੋਗਰਾਮਾਂ, ਮੁੱਲ-ਅਧਾਰਿਤ ਸਿੱਖਿਆ, ਕੌਂਸਲਿੰਗ ਅਤੇ ਨਸ਼ਾ ਰੋਕਥਾਮਗਤੀਵਿਧੀਆਂ ਰਾਹੀਂ ਸਾਡੇ ਸਕੂਲ ਨਸ਼ਾ-ਮੁਕਤ ਕੈਂਪਸ ਬਣਾਈ ਰੱਖਣ ਲਈ ਲਗਾਤਾਰਯਤਨਸ਼ੀਲ ਹਨ। ਕਲਗੀਧਰ ਟਰੱਸਟ ਆਪਣੇ ਵਿਦਿਅਕ ਅਦਾਰਿਆਂ ਰਾਹੀਂ ਨਸ਼ਾ ਰੋਕਥਾਮ ਅਤੇਸਮਾਜਿਕ ਜਾਗਰੂਕਤਾ ਮੁਹਿੰਮਾਂ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ। ਅਕਾਲਅਕੈਡਮੀਆਂ ਦੇ ਵਿਦਿਆਰਥੀ ਪਹਿਲਾਂ ਵੀ ਇਸ ਤਰ੍ਹਾਂ ਦੀਆਂ ਵੱਡੀਆਂ ਸਮਾਜਿਕਮੁਹਿੰਮਾਂ ਰਾਹੀਂ ਦੋ ਵਿਸ਼ਵ ਰਿਕਾਰਡ ਅਤੇ ਇੱਕ ਲਿਮਕਾ ਬੁੱਕ ਆਫ ਰਿਕਾਰਡਜ਼ਸਨਮਾਨ ਹਾਸਲ ਕਰਨ ਵਿੱਚ ਯੋਗਦਾਨ ਪਾ ਚੁੱਕੇ ਹਨ।

ਇਹ ਮੁਹਿੰਮ ਨੌਜਵਾਨ ਪੀੜ੍ਹੀ ਨੂੰ ਨਸ਼ਾ-ਮੁਕਤ ਭਾਰਤ ਦੀ ਸਿਰਜਣਾ ਲਈ ਪ੍ਰੇਰਿਤ ਕਰਨਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।